27 Nov FGS 5,6,7,8.qxd 11/28/2025 12:08 AM Page 2

ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਤੋਂ ਗੁਰਬਾਣੀ ਕੀਰਤਨ

ਰੇਡੀਓ



ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਕੀਰਤਨ ਵਿਚ 28 **ਨਵੰਬਰ** ਨੂੰ ਸ਼ਾਮ 4.00 ਤੋਂ 6.00 ਵਜੇ ਤੱਕ **ਭਾਈ ਜਤਿੰਦਰਪਾਲ ਸਿੰਘ** ਅਤੇ 29 **ਨਵੰਬਰ** ਨੂੰ ਸਵੇਰੇ 4.00 ਤੋਂ 6.00 ਵਜੇ ਤੱਕ **ਭਾਈ ਜਗਤਾਰ ਸਿੰਘ** ਰਾ 'ਆਸਾ ਦੀ ਵਾਰ' ਦਾ ਕੀਰਤਨ ਕਰਨਗੇ।

ਪੀ. ਟੀ. ਸੀ.

ਪੀ. ਟੀ. ਸੀ. ਪੰਜਾਬੀ ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਪ੍ਰੋਗਰਾਮ ਵਿਚ 28 **ਨਵੰਬਰ** ਨੂੰ ਸ਼ਾਮ 4.30 ਤੋਂ 6.30 ਵਜੇ ਤੱਕ **ਭਾਈ ਜਤਿੰਦਰਪਾਲ ਸਿੰਘ ਤੇ ਭਾਈ ਜੁਝਾਰ ਸਿੰਘ** ਕੀਰਤਨ, ਪਾਠ 'ਰਹਿਰਾਸ ਸਾਹਿਬ' ਉਪਰੰਤ 'ਆਰਤੀ' **ਭਾਈ ਤਜਿੰਦਰ ਸਿੰਘ** ਤੇ 29 **ਨਵੰਬਰ** ਨੂੰ ਸਵੇਰੇ 3.55 ਵਜੇ ਤੋਂ 7.45 ਵਜੇ ਤੱਕ **ਭਾਈ ਜਗਤਾਰ ਸਿੰਘ ਰਾ ਤੇ ਭਾਈ ਨਵਨੀਤ ਸਿੰਘ** ਕੀਰਤਨ ਕਰਨਗੇ।

ਐਸ. ਜੀ. ਪੀ. ਸੀ. ਵੈੱਬ ਚੈਨਲ 'ਤੇ ਸਵੇਰੇ 3.55 ਵਜੇ ਤੋਂ 8.30 ਵਜੇ ਤੱਕ, ਦੁਪਹਿਰ 12.30 ਵਜੇ ਤੋਂ 2.20 ਵਜੇ ਤੱਕ ਅਤੇ ਸ਼ਾਮ 6.00 ਵਜੇ ਤੋਂ 8.00 ਵਜੇ ਤੱਕ ਸਿੱਧਾ ਪ੍ਰਸਾਰਨ ਹੁੰਦਾ ਹੈ। ਐਸ. ਜੀ. ਪੀ. ਸੀ. ਦੇ ਮੋਬਾਈਲ ਐਪ ਤੋਂ ਅੰਮ੍ਰਿਤ ਵੇਲੇ ਤੋਂ ਸੁਖ ਆਸਨ ਤੱਕ ਦਾ ਪੂਰਾ ਸਮਾਗਮ ਸੁਣਿਆ ਜਾ ਸਕਦਾ ਹੈ।

ਮੁੱਖ ਵਾਕ ਦੀ ਕਥਾ : 28 ਨਵੰਬਰ ਨੂੰ ਭਾਈ ਸਾਹਿਬ ਭਾਈ ਹਰਪਾਲ ਸਿੰਘ ਮੁੱਖ ਗ੍ਰੰਥੀ ਗੁ: ਸ੍ਰੀ ਫ਼ਤਹਿਗੜ੍ਹ ਸਾਹਿਬ ਤੇ 29 ਨਵੰਬਰ ਨੂੰ ਗਿਆਨੀ ਸੰਤੋਖ ਸਿੰਘ ਸੁਰਸਿੰਘ, ਗੁ: ਮੰਜੀ ਸਾਹਿਬ ਦੀਵਾਨ ਹਾਲ ਸ੍ਰੀ ਹਰਿਮੰਦਰ ਸਾਹਿਬ ਸਮੂਹ ਵਿਖੇ ਸਵੇਰੇ 7.45 ਵਜੇ ਤੋਂ 8.30 ਵਜੇ ਤੱਕ ਮੁੱਖ ਵਾਕ ਦੀ ਕਥਾ ਕਰਨਗੇ।

ਰਾਜੂ ਖੰਨਾ ਦੀ ਅਗਵਾਈ ਹੇਠ ਜ਼ਿਲ੍ਹਾ ਪ੍ਰੀਸ਼ਦ ਤੇ ਬਲਾਕ ਸੰਮਤੀ ਚੋਣਾਂ ਲੜੀਆਂ ਜਾਣਗੀਆਂ- ਧਾਲੀਵਾਲ, ਮਾਜਰੀ

ਮੰਡੀ ਗੋਬਿੰਦਗੜ੍ਹ, 27 ਨਵੰਬਰ (ਰਜੇਸ਼ ਸ਼ਰਮਾ)-ਸ਼੍ਰੋਮਣੀ ਅਕਾਲੀ ਦਲ ਹਲਕਾ ਅਮਲੋਹ ਦੇ ਅਬਜ਼ਰਵਰ ਤੇ ਉਦਯੋਗਪਤੀ ਜਤਿੰਦਰ ਸਿੰਘ ਧਾਲੀਵਾਲ ਤੇ ਸਰਕਲ ਮੰਡੀ ਗੋਬਿੰਦਗੜ੍ਹ ਦੇ ਪ੍ਰਧਾਨ ਜਥੇਦਾਰ ਜਰਨੈਲ ਸਿੰਘ ਮਾਜਰੀ ਨੇ ਦਾਅਵਾ ਕੀਤਾ ਕਿ ਆਗਾਮੀ ਜ਼ਿਲ੍ਹਾ ਪ੍ਰੀਸ਼ਦ ਤੇ ਬਲਾਕ ਸੰਮਤੀ ਚੋਣਾਂ ਹਲਕਾ ਅਮਲੋਹ ਦੇ ਇੰਚਾਰਜ ਤੇ ਕੋਰ ਕਮੇਟੀ ਮੈਂਬਰ ਗੁਰਪ੍ਰੀਤ ਸਿੰਘ ਰਾਜੂ ਖੰਨਾ ਦੀ ਅਗਵਾਈ ਹੇਠ ਵੱਡੇ ਉਤਸ਼ਾਹ ਨਾਲ ਲੜੀਆਂ ਜਾਣਗੀਆਂ। ਸਥਾਨਕ ਜੀ. ਟੀ. ਰੋਡ ਖੰਨਾ ਸਾਈਡ ਸਥਿਤ ਜੇ. ਟੀ. ਐੱਲ. ਇੰਡਸਟਰੀਜ਼ ਵਿਖੇ ਸਾਡੇ ਇਸ ਪ੍ਰਤੀਨਿਧੀ ਨਾਲ ਗੱਲਬਾਤ ਕਰਦਿਆਂ ਉਕਤ ਆਗੂਆਂ ਨੇ ਕਿਹਾ ਕਿ ਹਲਕਾ ਅਮਲੋਹ ਵਿਚ 17 ਬਲਾਕ ਸੰਮਤੀ ਜ਼ੋਨ ਤੇ 2 ਜ਼ਿਲ੍ਹਾ ਪ੍ਰੀਸ਼ਦ ਸੀਟਾਂ ਹਨ, ਜਿਨ੍ਹਾਂ ਲਈ ਪਾਰਟੀ ਵਲੋਂ ਯੋਗ ਉਮੀਦਵਾਰ ਚੋਣ ਮੈਦਾਨ 'ਚ ਉਤਾਰੇ ਜਾਣਗੇ ਤੇ ਉਨ੍ਹਾਂ ਉਮੀਦਵਾਰਾਂ ਨੂੰ ਵੱਡੇ ਬਹੁਮਤ ਨਾਲ ਜਿੱਤ ਦਿਵਾ ਕੇ ਆਗਾਮੀ ਵਿਧਾਨ ਸਭਾ ਚੋਣਾਂ ਵਿਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਾਉਣ ਦੀ ਨੀਂਹ ਰੱਖੀ ਜਾਵੇਗੀ। ਇਸ ਮੌਕੇ ਧਾਲੀਵਾਲ ਨੇ ਕਿਹਾ ਕਿ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੇ ਦਿਸ਼ਾ ਨਿਰਦੇਸ਼ ਹੇਠ ਹਲਕਾ ਅਮਲੋਹ ਦੇ ਇੰਚਾਰਜ ਗੁਰਪ੍ਰੀਤ ਸਿੰਘ ਰਾਜੂ ਖੰਨਾ ਹਲਕੇ ਦੇ ਪਿੰਡਾਂ ਵਿਚ ਜ਼ਿਲ੍ਹਾ ਪ੍ਰੀਸ਼ਦ ਤੇ ਬਲਾਕ ਸੰਮਤੀ ਚੋਣਾਂ ਸਬੰਧੀ ਰੋਜ਼ਾਨਾ ਮੀਟਿੰਗਾਂ ਕਰਕੇ ਪਾਰਟੀ ਦੇ ਹੱਕ 'ਚ ਲੋਕ ਲਹਿਰ ਪੈਦਾ ਕਰ ਰਹੇ ਹਨ ਤੇ ਮੀਟਿੰਗਾਂ ਵਿਚ ਲੋਕਾਂ ਪਾਸੋਂ ਵੀ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਵਿਚ ਕੇਵਲ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਵੇਲੇ ਹੀ ਵਿਕਾਸ ਹੋਇਆ ਹੈ, ਪਰ ਪਿਛਲੇ 10 ਸਾਲਾਂ ਤੋਂ ਨਾ ਕਾਂਗਰਸ ਦੀ ਸਰਕਾਰ ਨੇ ਤੇ ਨਾ ਹੀ ਮੌਜੂਦਾ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਕੋਈ ਥੋਲਾ ਵਿਕਾਸ ਕਾਰਜਾਂ 'ਤੇ ਖ਼ਰਚ ਕੀਤਾ ਹੈ, ਕੇਵਲ ਨੀਂਹ ਪੱਥਰ ਹੀ ਰੱਖੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਝੂਠ ਦੇ ਸਹਾਰੇ ਬਣੀ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਸੂਬੇ ਦੇ ਲੋਕ ਇਨ੍ਹਾਂ ਚੋਣਾਂ ਵਿਚ ਕਰਾਰੀ ਹਾਰ ਕੇ ਧੋਬੀਬਾਜ਼ੀ ਦਾ ਸਬਕ ਜ਼ਰੂਰ ਸਿਖਾਉਣਗੇ। ਇਸ ਮੌਕੇ ਸਿਮਰਨਜੀਤ ਸਿੰਘ ਧਾਲੀਵਾਲ ਵੀ ਹਾਜ਼ਰ ਸਨ।

ਸ਼੍ਰੋਮਣੀ ਅਕਾਲੀ ਦਲ ਹਲਕਾ ਅਮਲੋਹ ਦੇ ਅਬਜ਼ਰਵਰ ਜਤਿੰਦਰ ਸਿੰਘ ਧਾਲੀਵਾਲ ਤੇ ਸਰਕਲ ਮੰਡੀ ਗੋਬਿੰਦਗੜ੍ਹ ਦੇ ਪ੍ਰਧਾਨ ਜਥੇਦਾਰ ਜਰਨੈਲ ਸਿੰਘ ਮਾਜਰੀ 'ਅਜੀਤ' ਨਾਲ ਗੱਲਬਾਤ ਕਰਦੇ ਹੋਏ। ਅਜੀਤ ਤਸਵੀਰ

ਸਾਬਕਾ ਵਿਧਾਇਕ ਕੁਲਜੀਤ ਸਿੰਘ ਨਾਗਰਾ, ਯੂਥ ਕਾਂਗਰਸ ਹਲਕਾ ਪ੍ਰਧਾਨ ਮਨਦੀਪ ਸਿੰਘ ਖੇੜਾ ਤੇ ਜ਼ਿਲ੍ਹਾ ਪ੍ਰਧਾਨ ਸੁਰਿੰਦਰ ਸਿੰਘ ਰਾਮਗੜ੍ਹ ਨਵ ਨਿਯੁਕਤ ਯੂਥ ਕਾਂਗਰਸ ਦੇ ਬਲਾਕ ਪ੍ਰਧਾਨਾਂ ਦਾ ਸਨਮਾਨ ਕਰਨ ਸਮੇਂ। ਤਸਵੀਰ: ਕਰਨ

ਭਗਵਾਨ ਸਿੰਘ ਬਲਾਕ ਸਰਹਿੰਦ ਤੇ ਅਮਰਿੰਦਰ ਸਿੰਘ ਬਲਾਕ ਖੇੜਾ ਦੇ ਯੂਥ ਕਾਂਗਰਸ ਪ੍ਰਧਾਨ ਨਿਯੁਕਤ

ਫ਼ਤਹਿਗੜ੍ਹ ਸਾਹਿਬ, 27 ਨਵੰਬਰ (ਬਲਜਿੰਦਰ ਸਿੰਘ)-ਯੂਥ ਕਾਂਗਰਸ ਨੂੰ ਧਰਾਤਲ ਪੱਧਰ 'ਤੇ ਮਜ਼ਬੂਤ ਕਰਨ ਅਤੇ ਨੌਜਵਾਨ ਵਰਗ ਨੂੰ ਵੱਡੇ ਪੱਧਰ 'ਤੇ ਸੰਗਠਿਤ ਕਰਨ ਦੀ ਪ੍ਰਕਿਰਿਆ ਤਹਿਤ ਮਹੱਤਵਪੂਰਨ ਨਿਯੁਕਤੀਆਂ ਕੀਤੀਆਂ ਗਈਆਂ। ਇਸ ਮੌਕੇ ਯੂਥ ਕਾਂਗਰਸ ਹਲਕਾ ਫ਼ਤਹਿਗੜ੍ਹ ਸਾਹਿਬ ਦੇ ਪ੍ਰਧਾਨ ਮਨਦੀਪ ਸਿੰਘ ਖੇੜਾ ਵਲੋਂ ਸਾਬਕਾ ਵਿਧਾਇਕ ਕੁਲਜੀਤ ਸਿੰਘ ਨਾਗਰਾ ਦੀ ਹਾਜ਼ਰੀ ਵਿਚ ਭਗਵਾਨ ਸਿੰਘ ਗਰੇਵਾਲ ਨੂੰ ਬਲਾਕ ਸਰਹਿੰਦ ਅਤੇ ਅਮਰਿੰਦਰ ਸਿੰਘ ਰੇਖੀ ਨੂੰ ਖੇੜਾ ਦੇ ਯੂਥ ਪ੍ਰਧਾਨ ਵਜੋਂ ਨਿਯੁਕਤੀ ਪੱਤਰ ਵੰਡੇ ਗਏ। ਇਸ ਮੌਕੇ ਨਾਗਰਾ ਨੇ ਦੋਵੇਂ ਨਵੇਂ ਪ੍ਰਧਾਨਾਂ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਪਾਰਟੀ ਨੇ ਉਨ੍ਹਾਂ 'ਤੇ ਵਿਸ਼ਵਾਸ ਜਤਾਇਆ ਹੈ, ਉਨ੍ਹਾਂ ਉਮੀਦ ਪ੍ਰਗਟਾਈ ਕਿ ਉਹ ਪੂਰੀ ਵਫ਼ਾਦਾਰੀ, ਨਿਸ਼ਠਾ ਤੇ ਜ਼ਿੰਮੇਵਾਰੀ ਨਾਲ ਸੰਗਠਨਕ ਕੰਮਾਂ ਨੂੰ ਅੱਗੇ ਵਧਾਉਣਗੇ। ਉਨ੍ਹਾਂ ਕਿਹਾ ਕਿ ਯੂਥ ਕਾਂਗਰਸ ਹਮੇਸ਼ਾ ਹੀ ਨੌਜਵਾਨਾਂ ਦੀ ਆਵਾਜ਼ ਬਣੀ ਹੈ ਤੇ ਪਾਰਟੀ ਦੇ ਸਿਧਾਂਤਾਂ, ਲੋਕਤੰਤਰ, ਭਾਈਚਾਰਾ, ਸਮਾਨਤਾ ਅਤੇ ਵਿਕਾਸ ਨੂੰ ਘਰ-ਘਰ ਤੱਕ ਪਹੁੰਚਾਉਣ ਵਿਚ ਇਹ ਨਿਯੁਕਤੀਆਂ ਹੋਰ ਤੇਜ਼ੀ ਲਿਆਉਣਗੀਆਂ। ਇਸ ਮੌਕੇ ਨਵ-ਨਿਯੁਕਤ ਪ੍ਰਧਾਨ ਗਰੇਵਾਲ ਅਤੇ ਰੇਖੀ ਨੇ ਕਾਂਗਰਸ ਪਾਰਟੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਾਰਟੀ ਨੇ ਜੋ ਉਨ੍ਹਾਂ 'ਤੇ ਵਿਸ਼ਵਾਸ ਜਿਤਾਇਆ ਹੈ ਉਹ ਉਸ 'ਤੇ ਖਰਾ ਉੱਤਰਦੇ ਹੋਏ ਪਾਰਟੀ ਲਈ ਦਿਨ ਰਾਤ ਮਿਹਨਤ ਕਰਨਗੇ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਸੁਰਿੰਦਰ ਸਿੰਘ ਰਾਮਗੜ੍ਹ, ਸਮੂਹ ਬਲਾਕ ਪ੍ਰਧਾਨ, ਯੂਥ ਆਗੂ ਅਤੇ ਵਰਕਰ ਵੱਡੀ ਗਿਣਤੀ ਵਿਚ ਹਾਜ਼ਰ ਸਨ। ਇਸ ਮੌਕੇ ਪਾਰਟੀ ਆਗੂਆਂ ਵਲੋਂ ਨਵ-ਨਿਯੁਕਤ ਅਹੁਦੇਦਾਰਾਂ ਦਾ ਸਨਮਾਨ ਕਰਕੇ ਵਧਾਈ ਦਿੱਤੀ ਗਈ।

ਹਲਕਾ ਪ੍ਰਧਾਨ ਮਨਦੀਪ ਸਿੰਘ ਖੇੜਾ ਨੇ ਸਾਬਕਾ ਵਿਧਾਇਕ ਕੁਲਜੀਤ ਸਿੰਘ ਨਾਗਰਾ ਦੀ ਹਾਜ਼ਰੀ 'ਚ ਵੰਡੇ ਨਿਯੁਕਤੀ ਪੱਤਰ

ਬਲਾਕ ਸੰਮਤੀ ਜ਼ੋਨ ਨੰਦਪੁਰ ਦੇ ਪਿੰਡ ਕਲੌੜ ਵਿਖੇ ਮੀਟਿੰਗ ਉਪਰੰਤ ਦਰਬਾਰਾ ਸਿੰਘ ਗੁਰੂ ਤੇ ਹੋਰ। ਅਜੀਤ ਤਸਵੀਰ

ਜੀ. ਟੀ. ਯੂ. ਨੇ ਜ਼ਿਲ੍ਹਾ ਸਿੱਖਿਆ ਅਫ਼ਸਰ ਨਾਲ ਕੀਤੀ ਮੀਟਿੰਗ

ਫ਼ਤਹਿਗੜ੍ਹ ਸਾਹਿਬ, 27 ਨਵੰਬਰ (ਬਲਜਿੰਦਰ ਸਿੰਘ)-ਗੌਰਮਿੰਟ ਟੀਚਰਜ਼ ਯੂਨੀਅਨ ਦੇ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਚਾਹਲ, ਜ਼ਿਲ੍ਹਾ ਜਨਰਲ ਸਕੱਤਰ ਰਾਜੇਸ਼ ਕੁਮਾਰ ਅਮਲੋਹ ਅਤੇ ਸੀਨੀਅਰ ਮੀਤ ਪ੍ਰਧਾਨ ਜਗਤਾਰ ਸਿੰਘ ਫੈਜੁੱਲਾਪੁਰ ਦੀ ਅਗਵਾਈ ਵਿਚ ਜਥੇਬੰਦੀ ਵਲੋਂ ਜ਼ਿਲ੍ਹਾ ਸਿੱਖਿਆ ਅਫ਼ਸਰ (ਸ) ਅਤੇ (ਐਲੀਮੈਂਟਰੀ) ਰਵਿੰਦਰ ਕੌਰ ਨਾਲ ਅਧਿਆਪਕਾਂ ਤੇ ਸਿੱਖਿਆ ਨਾਲ ਸੰਬੰਧਿਤ ਮਸਲਿਆਂ 'ਤੇ ਅਹਿਮ ਮੀਟਿੰਗ ਕੀਤੀ ਗਈ, ਮੀਟਿੰਗ ਵਿਚ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ (ਐ.ਸਿ.) ਵੀ ਹਾਜ਼ਰ ਸਨ। ਮੀਟਿੰਗ ਵਿਚ ਅਪਰ ਪ੍ਰਾਇਮਰੀ ਸਕੂਲਾਂ ਨੂੰ ਸਾਲ 2023-24 ਦੌਰਾਨ ਜਾਰੀ ਕੀਤੀ ਰੈਨੋਵੇਸ਼ਨ ਗਰਾਂਟ ਦੀ ਬਕਾਇਆ ਰਕਮ ਤੁਰੰਤ ਜਾਰੀ ਕਰਨ, ਸਾਰੇ ਸਕੂਲਾਂ ਵਿਚ ਸਫ਼ਾਈ ਸੇਵਕ ਦੇਣ, ਮਿਡ-ਡੇ-ਮੀਲ ਦਾ ਅਨਾਜ ਤੇ ਕੁਕਿੰਗ ਕਾਸ਼ਟ ਤੇ ਕੁੱਕਾਂ ਦੀ ਤਨਖ਼ਾਹ ਹਰ ਮਹੀਨੇ ਲਗਾਤਾਰ ਜਾਰੀ ਕਰਨ ਤੇ ਹੋਰ ਮੰਗਾਂ ਸੰਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ। ਜ਼ਿਲ੍ਹਾ ਸਿੱਖਿਆ ਅਧਿਕਾਰੀ ਨੇ ਜ਼ਿਲ੍ਹਾ ਪੱਧਰ 'ਤੇ ਹੱਲ ਹੋਣ ਵਾਲੇ ਮਸਲਿਆਂ ਨੂੰ ਜਲਦ ਹੱਲ ਕਰਨ ਦਾ ਭਰੋਸਾ ਦਿੱਤਾ ਤੇ ਬਾਕੀ ਮਸਲਿਆਂ ਸੰਬੰਧੀ ਉੱਚ ਅਧਿਕਾਰੀਆਂ ਨੂੰ ਲਿਖੇ ਜਾਣ ਦਾ ਵਾਅਦਾ ਕੀਤਾ। ਇਸ ਮੌਕੇ ਅਮਰਜੀਤ ਸਿੰਘ, ਰਣਜੀਤ ਸਿੰਘ ਬਰਵਾਲੀ, ਰਾਜਿੰਦਰ ਸਿੰਘ ਰਾਜਨ, ਸਤਿੰਦਰ ਸਿੰਘ, ਆਸ਼ੂਤੋਸ਼ ਧੀਮਾਨ, ਕਮਲਜੀਤ ਸਿੰਘ, ਵੀਰਦਵਿੰਦਰ ਸਿੰਘ, ਬਲਵਿੰਦਰ ਸਿੰਘ, ਪਰਮਜੀਤ ਸਿੰਘ, ਮਨਜੀਤ ਸਿੰਘ, ਭੁਪਿੰਦਰ ਸਿੰਘ, ਰਾਜੀਵ ਕਰਕਰਾ, ਸੁਖਵਿੰਦਰ ਸਿੰਘ ਮਾਜਰੀ, ਕੁਲਜੀਤ ਸਿੰਘ ਤੇ ਹੋਰ ਹਾਜ਼ਰ ਸਨ।

ਜ਼ਿਲ੍ਹਾ ਸਿੱਖਿਆ ਅਫ਼ਸਰ ਨਾਲ ਮੀਟਿੰਗ ਦੌਰਾਨ ਗੌਰਮਿੰਟ ਟੀਚਰਜ਼ ਯੂਨੀਅਨ ਦੇ ਆਗੂ ਦਿਖਾਈ ਦਿੰਦੇ ਹੋਏ। ਤਸਵੀਰ: ਕਰਨ

'ਦ ਮਿਲੇਨੀਅਮ ਸਕੂਲ ਦੇ ਕੁੰਵਰ ਪ੍ਰਤਾਪ ਸਿੰਘ ਨੇ ਜਿੱਤਿਆ ਸੋਨ ਤਗਮਾ

ਪਟਿਆਲਾ, 27 ਨਵੰਬਰ (ਧਰਮਿੰਦਰ ਸਿੰਘ ਸਿੱਧੂ)-'ਦ ਮਿਲੇਨੀਅਮ ਸਕੂਲ, ਪਟਿਆਲਾ ਦੇ ਪ੍ਰਤਿਭਾਸ਼ਾਲੀ ਵਿਦਿਆਰਥੀ ਕੁੰਵਰ ਪ੍ਰਤਾਪ ਸਿੰਘ ਨੇ ਇਕ ਵਾਰ ਫਿਰ ਸੰਸਥਾ ਦਾ ਨਾਂਅ ਚਮਕਾਇਆ ਹੈ। ਕੁੰਵਰ ਨੇ ਹਾਲ ਹੀ 'ਚ ਸੰਪੰਨ ਹੋਈ ਅੰਡਰ-19 ਬਾਕਸਿੰਗ ਸਕੂਲ ਸਟੇਟ ਚੈਂਪੀਅਨਸ਼ਿਪ 'ਚ ਆਪਣੀ ਜ਼ਬਰਦਸਤ ਕਾਰਗੁਜ਼ਾਰੀ ਦਿਖਾਉਂਦੇ ਹੋਏ ਸੋਨ ਤਮਗਾ ਜਿੱਤਿਆ ਹੈ। ਇਸ ਵੱਡੀ ਪ੍ਰਾਪਤੀ ਸਦਕਾ, ਕੁੰਵਰ ਪ੍ਰਤਾਪ ਸਿੰਘ ਨੂੰ ਆਗਾਮੀ ਸਕੂਲ ਨੈਸ਼ਨਲ ਟੂਰਨਾਮੈਂਟ ਲਈ ਵੀ ਚੁਣ ਲਿਆ ਗਿਆ ਹੈ। ਇਸ ਮੌਕੇ ਸਕੂਲ ਪ੍ਰਿੰਸੀਪਲ ਹਰਪ੍ਰੀਤ ਪੰਧੇਰ ਨੇ ਕੁੰਵਰ ਪ੍ਰਤਾਪ ਸਿੰਘ ਨੂੰ ਇਸ ਸ਼ਾਨਦਾਰ ਸਫਲਤਾ ਲਈ ਦਿਲੋਂ ਵਧਾਈ ਦਿੱਤੀ ਅਤੇ ਕਿਹਾ ਕਿ ਕੁੰਵਰ ਨੇ ਆਪਣੀ ਮਿਹਨਤ ਨਾਲ ਸਾਡੀ ਸੰਸਥਾ ਅਤੇ ਸੂਬੇ ਦਾ ਨਾਂਅ ਰੌਸ਼ਨ ਕੀਤਾ ਹੈ। ਸਾਨੂੰ ਪੂਰਾ ਵਿਸ਼ਵਾਸ ਹੈ ਕਿ ਉਹ ਨੈਸ਼ਨਲ ਪੱਧਰ 'ਤੇ ਵੀ ਸ਼ਾਨਦਾਰ ਪ੍ਰਦਰਸ਼ਨ ਕਰਕੇ ਤਮਗਾ ਜਿੱਤੇਗਾ। ਇਸ ਮੌਕੇ ਸਮੂਚੇ ਸਕੂਲ ਪਰਿਵਾਰ ਨੇ ਕੁੰਵਰ ਦੀ ਇਸ ਪ੍ਰਾਪਤੀ 'ਤੇ ਖ਼ੁਸ਼ੀ ਜ਼ਾਹਰ ਕੀਤੀ ਹੈ ਤੇ ਨੈਸ਼ਨਲ ਟੂਰਨਾਮੈਂਟ ਲਈ ਸ਼ੁਭਕਾਮਨਾਵਾਂ ਦਿੱਤੀਆਂ ਹਨ।

ਕੁੰਵਰ ਪ੍ਰਤਾਪ ਸਿੰਘ

ਜਨਮ ਦਿਨ ਮੁਬਾਰਕ

ਸ਼ੁਭਦੀਪ ਸਿੰਘ
ਪਿਤਾ: ਗੁਰਪ੍ਰੀਤ ਸਿੰਘ
ਮਾਤਾ: ਸੁਮਨ
ਪਿੰਡ: ਮੰਢੌਰ

'ਇਜ਼ੀ ਰਜਿਸਟਰੀ' ਪ੍ਰਕਿਰਿਆ ਨੂੰ ਲੈ ਕੇ ਲੋਕਾਂ 'ਚ ਭਾਰੀ ਉਤਸ਼ਾਹ

ਫ਼ਤਹਿਗੜ੍ਹ ਸਾਹਿਬ, 27 ਨਵੰਬਰ (ਮਨਪ੍ਰੀਤ ਸਿੰਘ)-ਮੁੱਖ ਮੰਤਰੀ ਭਗਵੰਤ ਮਾਨ ਵਲੋਂ ਅੱਜ ਸ਼ਹੀਦਾਂ ਦੀ ਪਵਿੱਤਰ ਧਰਤੀ ਫ਼ਤਹਿਗੜ੍ਹ ਸਾਹਿਬ ਤੋਂ ਇਜ਼ੀ ਰਜਿਸਟਰੀ ਨੂੰ ਰਸਮੀ ਰੂਪ ਵਿਚ ਸਮੁੱਚੇ ਪੰਜਾਬ ਵਿਚ ਲਾਗੂ ਕਰਨ ਨਾਲ ਲੋਕਾਂ ਵਿਚ ਭਾਰੀ ਉਤਸ਼ਾਹ ਦੇਖਿਆ ਗਿਆ। ਤਹਿਸੀਲ ਕੰਪਲੈਕਸ ਵਿਖੇ ਸਥਿਤ ਸਬ-ਰਜਿਸਟਰਾਰ ਦਫ਼ਤਰ ਵਿਚ ਇਜ਼ੀ ਰਜਿਸਟਰੀ ਪ੍ਰਣਾਲੀ ਰਾਹੀਂ ਰਜਿਸਟਰੇਸ਼ਨ ਦਾ ਲਾਭ ਲੈਣ ਵਾਲੇ ਪ੍ਰਾਰਥੀਆਂ ਨਾਲ ਗੱਲ ਕੀਤੇ ਜਾਣ 'ਤੇ ਉਨ੍ਹਾਂ ਨੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਦੀ ਇਸ ਪਹਿਲਕਦਮੀ ਦੀ ਭਰਪੂਰ ਸ਼ਲਾਘਾ ਕੀਤੀ। ਲੋਕਾਂ ਨੇ ਕਿਹਾ ਕਿ ਸਰਕਾਰ ਦੇ ਇਸ ਉੱਦਮ ਨਾਲ ਜਿੱਥੇ ਤਹਿਸੀਲ ਦਫ਼ਤਰਾਂ ਵਿਚ ਬੇਲੋੜੀ ਖੱਜਲ ਖ਼ੁਆਰੀ ਬੰਦ ਹੋਵੇਗੀ, ਉੱਥੇ ਹੀ ਇਸ ਕ੍ਰਾਂਤੀਕਾਰੀ ਪ੍ਰਣਾਲੀ ਨੂੰ ਭ੍ਰਿਸ਼ਟਾਚਾਰ ਦਾ ਖ਼ਾਤਮਾ ਕਰਨ, ਪਾਰਦਰਸ਼ਤਾ ਲਿਆਉਣ ਅਤੇ ਜਾਇਦਾਦ ਦੀ ਰਜਿਸਟਰੇਸ਼ਨ ਪ੍ਰਕਿਰਿਆ ਨੂੰ ਆਸਾਨ ਬਣਾਉਣ ਲਈ ਇਕ ਵੱਡੀ ਸਫਲਤਾ ਮੰਨਿਆ ਜਾ ਰਿਹਾ ਹੈ। ਇਸ ਮੌਕੇ ਮਕਾਨ ਦੀ ਰਜਿਸਟਰੀ ਕਰਵਾਉਣ ਪੁੱਜੇ ਫ਼ਤਹਿਗੜ੍ਹ ਸਾਹਿਬ ਦੇ ਹੀ ਵਸਨੀਕ ਪੁਨੀਤ ਸਿੰਘ ਕਾਫ਼ੀ ਖ਼ੁਸ਼ ਨਜ਼ਰ ਆਏ। ਉਨ੍ਹਾਂ ਕਿਹਾ ਕਿ ਇਹ ਪੰਜਾਬ ਸਰਕਾਰ ਦਾ ਸ਼ਾਨਦਾਰ ਉਪਰਾਲਾ ਹੈ, ਜਿਸ ਨਾਲ ਦਸਤਾਵੇਜ਼ਾਂ ਦੀ ਆਨਲਾਈਨ ਪੂਰਵ ਜਾਂਚ ਹੋ ਜਾਂਦੀ ਹੈ ਅਤੇ ਲੰਬੀਆਂ ਕਤਾਰਾਂ ਵਿਚ ਨਹੀਂ ਖੜ੍ਹਨਾ ਪੈਂਦਾ। ਉਨ੍ਹਾਂ ਕਿਹਾ ਕਿ ਅੱਜ ਰਜਿਸਟਰੀ ਕਰਵਾਉਣ ਵਿਚ ਉਨ੍ਹਾਂ ਨੂੰ ਅੱਧੇ ਘੰਟੇ ਤੋਂ ਘੱਟ ਸਮਾਂ ਲੱਗਾ ਹੈ, ਜਦਕਿ ਪਹਿਲਾਂ ਸਾਰਾ ਸਾਰਾ ਦਿਨ ਲੱਗ ਜਾਂਦਾ ਸੀ, ਪਰ ਕੰਮ ਨਹੀਂ ਬਣਦਾ ਸੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀ ਇਸ ਸਕੀਮ ਨਾਲ ਤਹਿਸੀਲਾਂ ਵਿਚੋਂ ਰਿਸ਼ਵਤਖ਼ੋਰੀ ਦਾ ਦੌਰ ਖ਼ਤਮ ਹੋ ਗਿਆ ਹੈ। ਇਸ ਮੌਕੇ ਲਾਭਪਾਤਰੀ ਸੰਨੀ ਚੋਪੜਾ ਵਾਸੀ ਸਰਹਿੰਦ ਨੇ ਵੀ ਪੰਜਾਬ ਸਰਕਾਰ ਦੇ ਉਪਰਾਲੇ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ